ਪੰਡਿਤ ਜਨ ਮਾਤੇ ਪੜ੍ਹਿ ਪੁਰਾਨ ॥ ਜੋਗੀ ਮਾਤੇ ਜੋਗ ਧਿਆਨ ॥ ਸੰਨਿਆਸੀ ਮਾਤੇ ਅਹੰਮੇਵ ॥ ਤਪਸੀ ਮਾਤੇ ਤਪ ਕੈ ਭੇਵ ॥੧॥ ਸਭ ਮਦ ਮਾਤੇ ਕੋਊ ਨ ਜਾਗ ॥ ਸੰਗ ਹੀ ਚੋਰ ਘਰੁ ਮੁਸਨ ਲਾਗ ॥ ੧॥ ਰਹਾਉ ॥ ਜਾਗੈ ਸੁਕਦੇਉ ਅਰੁ ਅਕੂਰੁ ॥ ਹਣਵੰਤੁ ਜਾਗੈ ਧਰਿ ਲੰਕੂਰੁ ॥ ਸੰਕਰੁ ਜਾਗੈ ਚਰਨ ਸੇਵ ॥ ਕਲਿ ਜਾਗੇ ਨਾਮਾ ਜੈਦੇਵ ॥੨॥ ਜਾਗਤ ਸੋਵਤ ਬਹੁ ਪ੍ਰਕਾਰ ॥ ਗੁਰਮੁਖਿ ਜਾਗੈ ਸੋਈ ਸਾਰੁ ॥ ਇਸੁ ਦੇਹੀ ਕੇ ਅਧਿਕ ਕਾਮ ॥ ਕਹਿ ਕਬੀਰ ਭਜਿ ਰਾਮ ਨਾਮ ॥੩॥੨॥ {ਪੰਨਾ 1193-1194}

ਪਦਅਰਥ:- ਜਨ—ਲੋਕ। {ਨੋਟ—ਲਫ਼ਜ਼ 'ਜਨ' ਕਿਸੇ ਸ਼੍ਰੇਣੀ ਦੇ ਲਫ਼ਜ਼ ਨਾਲ ਵਰਤੀਏ ਤਾਂ ਉਸ ਦਾ ਅਰਥ ਹੁੰਦਾ ਹੈ "ਉਸ ਸ਼੍ਰੇਣੀ ਦੇ ਆਮ ਲੋਕ"}। ਮਾਤੇ—ਮੱਤੇ ਹੋਏ, ਮਸਤੇ ਹੋਏ, ਅਹੰਕਾਰੀ। ਪੜ੍ਹਿ—ਪੜ੍ਹ ਕੇ। ਅਹੰਮੇਵ—ਅਹੰਕਾਰ। ਭੇਵ—ਭੇਤ, ਮਰਮ।1।

ਸੰਗ ਹੀ—ਨਾਲ ਹੀ; ਅੰਦਰ ਹੀ। ਮੁਸਨ ਲਾਗ—ਠੱਗਣ ਲੱਗ ਪੈਂਦੇ ਹਨ।1। ਰਹਾਉ।

ਸੁਕਦੇਉ—{Skt. _uk} ਵਿਆਸ ਦੇ ਇਕ ਪੁੱਤਰ ਦਾ ਨਾਮ ਹੈ। ਇਹ ਜੰਮਦਾ ਹੀ ਭਗਤ ਸੀ, ਇਸ ਨੇ ਬੜੇ ਕਠਿਨ ਤਪ ਕੀਤੇ। ਰਾਜਾ ਪਰੀਖਜਤ ਨੂੰ ਇਸੇ ਰਿਸ਼ੀ ਨੇ ਭਾਗਵਤ ਪੁਰਾਣ ਸੁਣਾਇਆ ਸੀ। ਅਕੂਰ—ਕੰਸ ਦਾ ਭਰਾ, ਕ੍ਰਿਸ਼ਨ ਜੀ ਦਾ ਮਾਮਾ ਅਤੇ ਭਗਤ। ਲੰਕੂਰੁ—{Skt. lwzgul} ਪੂਛਲ। ਧਰਿ—ਧਾਰ ਕੇ।2।

ਬਹੁ ਪ੍ਰਕਾਰ—ਕਈ ਕਿਸਮਾਂ ਦਾ। ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ। ਸਾਰੁ—ਸ੍ਰੇਸ਼ਟ। ਸੋਈ—ਉਹ ਜਾਗਣਾ। ਦੇਹੀ—ਦੇਹ-ਧਾਰੀ, ਜੀਵ। ਅਧਿਕ—ਬਹੁਤ।3।

ਅਰਥ:- ਸਭ ਜੀਵ (ਕਿਸੇ ਨਾ ਕਿਸੇ ਵਿਕਾਰ ਵਿਚ) ਮੱਤੇ ਪਏ ਹਨ, ਕੋਈ ਜਾਗਦਾ ਨਹੀਂ (ਦਿੱਸਦਾ)। ਤੇ, ਇਹਨਾਂ ਜੀਵਾਂ ਦੇ ਅੰਦਰੋਂ ਹੀ (ਉੱਠ ਕੇ ਕਾਮਾਦਿਕ) ਚੋਰ ਇਹਨਾਂ ਦਾ (ਹਿਰਦਾ-ਰੂਪ) ਘਰ ਲੁੱਟ ਰਹੇ ਹਨ।1। ਰਹਾਉ।

ਪੰਡਿਤ ਲੋਕ ਪੁਰਾਨ (ਆਦਿਕ ਧਰਮ-ਪੁਸਤਕਾਂ) ਪੜ੍ਹ ਕੇ ਅਹੰਕਾਰੇ ਹੋਏ ਹਨ; ਜੋਗੀ ਜੋਗ-ਸਾਧਨਾਂ ਦੇ ਮਾਣ ਵਿਚ ਮੱਤੇ ਹੋਏ ਹਨ, ਸੰਨਿਆਸੀ (ਸੰਨਿਆਸ ਦੇ) ਅਹੰਕਾਰ ਵਿਚ ਡੁੱਬੇ ਹੋਏ ਹਨ; ਤਪੀ ਲੋਕ ਇਸ ਵਾਸਤੇ ਮਸਤੇ ਹੋਏ ਹਨ ਕਿ ਉਹਨਾਂ ਨੇ ਤਪ ਦਾ ਭੇਤ ਪਾ ਲਿਆ ਹੈ।1।

(ਜਗਤ ਵਿਚ ਕੋਈ ਵਿਰਲੇ ਵਿਰਲੇ ਜਾਗੇ, ਵਿਰਲੇ ਵਿਰਲੇ ਮਾਇਆ ਦੇ ਪ੍ਰਭਾਵ ਤੋਂ ਬਚੇ); ਜਾਗਦਾ ਰਿਹਾ ਸੁਕਦੇਵ ਰਿਸ਼ੀ ਤੇ ਅਕੂਰ ਭਗਤ; ਜਾਗਦਾ ਰਿਹਾ ਹਨੂਮਾਨ ਪੂਛਲ ਧਾਰ ਕੇ ਭੀ (ਭਾਵ, ਭਾਵੇਂ ਲੋਕ ਉਸ ਨੂੰ ਪੂਛਲ ਵਾਲਾ ਹੀ ਆਖਦੇ ਹਨ)। ਪ੍ਰਭੂ-ਚਰਨਾਂ ਦੀ ਸੇਵਾ ਕਰ ਕੇ ਜਾਗਿਆ ਸ਼ਿਵ ਜੀ। (ਹੁਣ ਦੇ ਸਮੇ) ਕਲਿਜੁਗ ਵਿਚ ਜਾਗਦੇ ਰਹੇ ਭਗਤ ਨਾਮਦੇਵ ਤੇ ਜੈਦੇਵ ਜੀ।2।

ਜਾਗਣਾ ਤੇ ਸੁੱਤੇ ਰਹਿਣਾ (ਭੀ) ਕਈ ਕਿਸਮ ਦਾ ਹੈ (ਚੋਰ ਭੀ ਤਾਂ ਰਾਤ ਨੂੰ ਜਾਗਦੇ ਹੀ ਹਨ)। ਉਹ ਜਾਗਣਾ ਸ੍ਰੇਸ਼ਟ ਹੈ ਜੋ ਗੁਰਮੁਖਾਂ ਦਾ ਜਾਗਣਾ ਹੈ (ਭਾਵ, ਜੋ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਮਾਇਆ ਦੇ ਹੱਲੇ ਵਲੋਂ ਸੁਚੇਤ ਰਹਿੰਦਾ ਹੈ, ਉਹੀ ਜਾਗ ਰਿਹਾ ਹੈ)। ਕਬੀਰ ਆਖਦਾ ਹੈ—ਹੇ ਭਾਈ! ਪ੍ਰਭੂ ਦਾ ਨਾਮ ਸਿਮਰ (ਕੇ ਸੁਚੇਤ ਰਹੁ, ਇਹ ਸਿਮਰਨ) ਜੀਵ ਦੇ ਬਹੁਤ ਕੰਮ ਆਉਂਦਾ ਹੈ।3।2।

ਨੋਟ:- ਕਬੀਰ ਜੀ ਬਨਾਰਸ ਦੇ ਰਹਿਣ ਵਾਲੇ ਸਨ। ਭਗਤ ਨਾਮਦੇਵ ਜੀ ਬੰਬਈ ਦੇ ਜ਼ਿਲਾ ਸਤਾਰਾ ਦੇ, ਅਤੇ ਜੈਦੇਵ ਜੀ ਬੰਗਾਲ ਦੇ ਰਹਿਣ ਵਾਲੇ। ਕਬੀਰ ਜੀ ਇਹਨਾਂ ਦੋਹਾਂ ਭਗਤਾਂ ਦਾ ਜ਼ਿਕਰ ਕਰਦੇ ਹਨ। ਉਸ ਜ਼ਮਾਨੇ ਵਿਚ ਭੀ ਇਹਨਾਂ ਦੀ ਸੋਭਾ ਸਾਰੇ ਭਾਰਤ ਵਿਚ ਖਿਲਰੀ ਹੋਈ ਸੀ, ਜਦੋਂ ਕੋਈ ਅਖ਼ਬਾਰਾਂ ਦਾ ਰਿਵਾਜ ਨਹੀਂ ਸੀ, ਕਿਤੇ ਰੇਲ ਗੱਡੀਆਂ ਭੀ ਨਹੀਂ ਸਨ।

ਸ਼ਬਦ ਦਾ ਭਾਵ:- ਜੇ ਮਨੁੱਖ ਪ੍ਰਭੂ ਦਾ ਨਾਮ ਵਿਸਾਰ ਦੇਵੇ, ਤਾਂ ਕਾਮਾਦਿਕ ਅਨੇਕਾਂ ਵਿਕਾਰ ਉਸ ਦੇ ਆਚਰਨ ਨੂੰ,

ਆਤਮਕ-ਜੀਵਨ ਨੂੰ ਗਿਰਾ ਦੇਂਦੇ ਹਨ। ਕੋਈ ਪੰਡਿਤ ਹੋਵੇ ਜੋਗੀ ਹੋਵੇ, ਸੰਨਿਆਸੀ ਹੋਵੇ ਤਪੀ ਹੋਵੇ, ਕਿਸੇ ਦਾ ਲਿਹਾਜ਼ ਨਹੀਂ ਕਰਦੇ।